**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਬੰਸ ਸਿੰਘ, (98773-06580)
ਮਕਾਨ ਨੰ:371, ਸੈਕਟਰ-78,
ਮੁਹਾਲੀ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜ਼ਨ,
ਫਿਰੋਜ਼ਪੁਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:3515 ਆਫ਼ 2013**

**ਹਾਜ਼ਰ:**

1) ਸ਼੍ਰੀ ਹਰਬੰਸ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਵਤਾਰ ਸਿੰਘ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਸਾਹਿਬ (92562-16116) ਸ਼੍ਰੀ ਚੰਦ ਸਿੰਘ, ਸਦਰ ਕਾਨੂੰਗੋ (94174-79464)।

**ਹੁਕਮ:**

ਪੇਸ਼ੀ, ਮਿਤੀ 01-04-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ।

2. ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਨਾ ਹੀ ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਸਾਹਿਬ ਦੇ ਦਫ਼ਤਰ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 20-02-2019 ਅਨੁਸਾਰ ਉਸ ਨੂੰ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਅਦਾਇਗੀ ਹੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਵਤਾਰ ਸਿੰਘ, ਜ਼ਿਲ੍ਹਾ ਮਾਲ ਅਫਸਰ ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਸਾਹਿਬ ਨੇ ਆਪਣੇ ਪੱਤਰ ਨੰ:991/ਸਕ, ਮਿਤੀ 25-03-2019 ਰਾਹੀਂ ਲਿਖਤੀ ਰੂਪ ਵਿੱਚ ਜਵਾਬ ਪੇਸ਼ ਕੀਤਾ ਸੀ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ। ਹਾਜ਼ਰ ਉੱਤਰਦਾਤਾ ਵੱਲੋਂ ਆਪਣੇ ਜਵਾਬ ਰਾਹੀਂ ਕਮਿਸ਼ਨ ਨੂੰ ਬੇਨਤੀ ਕੀਤੀ ਗਈ ਸੀ ਕਿ ਆਪਣੇ ਹੁਕਮ ਮਿਤੀ 20-02-2019 ਵਾਪਸ ਲੈ ਕੇ ਮੁਆਵਜ਼ੇ ਦੀ ਅਦਾਇਗੀ ਸਬੰਧੀ ਵੀ ਮਾਫੀ ਦਿੱਤੀ ਜਾਵੇ। ਹਾਜ਼ਰ ਉੱਤਰਦਾਤਾ ਦੀ ਬੇਨਤੀ ਰੱਦ ਕਰਦੇ ਹੋਏ ਸ਼ਿਕਾਇਤਕਰਤਾ ਨੂੰ ਕਮਿਸ਼ਨ ਦੇ ਹਕਮ, ਮਿਤੀ 20-02-2019 ਅਨੁਸਾਰ ਮੁਆਵਜ਼ੇ ਵਜੋਂ 5000/-ਰੁਪਏ ਦੀ ਅਦਾਇਗੀ ਲਈ ਹਦਾਇਤ ਕੀਤੀ ਗਈ ਸੀ ਜਿਸ ਤੇ ਹਾਜ਼ਰ ਉੱਤਰਦਾਤਾ, ਸ਼੍ਰੀ ਅਵਤਾਰ ਸਿੰਘ, ਜ਼ਿਲ੍ਹਾ ਮਾਲ ਅਫਸਰ-ਕਮ- ਸਹਾਇਕ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਸਾਹਿਬ ਵਲੋਂ ਸ਼ਿਕਾਇਤਕਰਤਾ ਨੂੰ ਮੁਆਵਜ਼ੇ ਵਜੋਂ 5000/-ਰੁਪਏ ਦੀ ਅਦਾਇਗੀ ਪੇਸ਼ੀ ਦੌਰਾਨ ਹੀ ਨਕਦ ਕਰ ਦਿੱਤੀ ਗਈ ਹੈ। ਇਸ ਲਈ ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਸਾਹਿਬ ਨੂੰ ਹਦਾਇਤ ਕੀਤੀ ਗਈ ਸੀ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਆਪਣੇ ਫੰਡ ਵਿੱਚੋਂ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਾਸ਼ੀ ਦੀ ਸ਼੍ਰੀ ਅਵਤਾਰ ਸਿੰਘ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਸਾਹਿਬ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰ ਦਿੱਤੀ ਜਾਵੇ।

4. ਉਪਰੋਕਤ ਤੋਂ ਇਲਾਵਾ ਸ਼੍ਰੀ ਅਵਤਾਰ ਸਿੰਘ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਵੱਲੋਂ ਪੇਸ਼ ਕੀਤੇ ਗਏ ਜਵਾਬ ਦੇ ਸਨਮੁੱਖ ਇਸ ਮਾਮਲੇ ਵਿੱਚ ਡੂੰਘਾਈ ਨਾਲ ਘੋਖ-ਵਿਚਾਰ ਕਰਨ ਵਾਸਤੇ ਇਹ ਕੇਸ ਫੈਸਲੇ ਲਈ ਰਾਖਵਾਂ (Reserve) ਰੱਖ ਲਿਆ ਗਿਆ ਸੀ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼੍ਰੀ ਅਵਤਾਰ ਸਿੰਘ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:3515 ਆਫ਼ 2013**

ਲੋਕ ਸੂਚਨਾ ਅਧਿਕਾਰੀ ਦਫ਼ਤਰ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਵਾਚਿਆ ਗਿਆ ਹੈ। ਉੱਤਰਦਾਤਾ ਵੱਲੋਂ ਆਪਣੇ ਜਵਾਬ ਰਾਹੀਂ ਕਮਿਸ਼ਨ ਨੂੰ ਆਪਣੇ ਹੁਕਮ, ਮਿਤੀ 20-02-2019 ਨੂੰ ਵਾਪਸ ਲੈਣ ਲਈ ਬੇਨਤੀ ਕਰਦੇ ਹੋਏ ਕਿਹਾ ਗਿਆ ਹੈ ਕਿ ਇਹ ਹੁਕਮ ਉਨ੍ਹਾਂ ਨੂੰ ਸੁਣੇ ਬਗੈਰ ਪਾਸ ਕੀਤੇ ਗਏ ਹਨ।ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਇਸ ਕੇਸ ਨੂੰ ਮੁੜ ਚਾਲੂ ਕਰਨ ਤੇ ਵੀ ਇਤਰਾਜ਼ ਕੀਤਾ ਗਿਆ ਹੈ ਅਤੇ ਕਿਹਾ ਗਿਆ ਹੈ ਕਿ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਉਨ੍ਹਾਂ ਦੇ ਪੱਤਰ ਨੰ:226/ਸਕ/ਈ.ਸੀ., ਮਿਤੀ 29-01-2018 ਰਾਹੀਂ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ।

6. ਇਹ ਕੇਸ ਰਾਜ ਸੂਚਨਾ ਕਮਿਸ਼ਨਰ, ਸ਼੍ਰੀ ਸੁਰਿੰਦਰ ਅਵਸਥੀ ਵੱਲੋਂ ਜੀ ਵੱਲੋਂ ਮਿਤੀ 18-11-2013 ਨੂੰ ਦਾਖਲ ਦਫ਼ਤਰ ਕਰਦੇ ਹੋਏ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੀ ਦਰਖਾਸਤ ਕੀਤੀ ਜਾ ਰਹੀ ਪੜਤਾਲ ਦੀ ਰਿਪੋਰਟ ਪ੍ਰਾਪਤ ਹੋਣ ਤੋਂ ਇੱਕ ਹਫ਼ਤੇ ਦੇ ਅੰਦਰ-ਅੰਦਰ ਉਸ ਨੂੰ ਦੇ ਦਿੱਤੀ ਜਾਵੇ। ਪਰੰਤੂ ਸ਼ਿਕਾਇਤਕਰਤਾ ਨੂੰ ਸੂਚਨਾ ਨਾ ਮਿਲਣ ਕਾਰਨ ਉਸ ਵੱਲੋਂ ਮਾਣਯੋਗ ਮੁੱਖ ਸੂਚਨਾ ਕਮਿਸ਼ਨਰ ਪੰਜਾਬ ਜੀ ਨੂੰ ਪੇਸ਼ ਕੀਤੀ ਗਈ ਪ੍ਰਤੀਬੇਨਤੀ ਤੇ ਮਾਣਯੋਗ ਮੁੱਖ ਸੂਚਨਾ ਕਮਿਸ਼ਨਰ ਪੰਜਾਬ ਜੀ ਦੇ ਹੁਕਮ, ਮਿਤੀ 09-07-2018 ਅਨੁਸਾਰ ਇਸ ਬੈਂਚ ਵੱਲੋਂ ਇਹ ਕੇਸ ਮਿਤੀ 05-09-2018 ਨੂੰ ਸੁਣਵਾਈ ਲਈ ਮਿਤੀ 08-08-2018 ਨੂੰ ਨੋਟਿਸ ਜਾਰੀ ਕੀਤਾ ਗਿਆ ਸੀ। ਇਸ ਕੇਸ ਵਿੱਚ ਹੁਣ ਤੱਕ ਕੁੱਲ 07 ਪੇਸ਼ੀਆਂ ਪੈ ਚੁੱਕੀਆਂ ਹਨ ਪਰ ਅਜੇ ਤੱਕ ਵੀ ਸ਼ਿਕਾਇਤਕਰਤਾ ਦੀ ਦਰਖਾਸਤ ਤੇ ਕੀਤੀ ਜਾ ਰਹੀ ਪੜਤਾਲ ਮੁਕੰਮਲ ਨਹੀਂ ਹੋਈ ਅਤੇ ਨਾ ਰਾਜ ਸੂਚਨਾ ਸੂਚਨਾ ਕਮਿਸ਼ਨ ਦੇ ਹੁਕਮਾਂ ਅਨੁਸਾਰ ਅਜੇ ਤੱਕ ਸ਼ਿਕਾਇਤਕਰਤਾ ਨੂੰ ਸੂਚਨਾ ਹੀ ਮੁਹੱਈਆ ਕਰਵਾਈ ਗਈ ਹੈ।ਉੱਤਰਦਾਤਾ ਵੱਲੋ 05 ਪੇਸ਼ੀਆਂ ਤੇ ਹਾਜ਼ਰ ਹੋਏ ਕਰਮਚਾਰੀਆਂ ਵੱਲੋਂ ਹਰੇਕ ਵਾਰ ਭਰੋਸਾ ਦਿੱਤਾ ਜਾਂਦਾ ਰਿਹਾ ਹੈ ਕਿ ਜਲਦੀ ਹੀ ਸ਼ਿਕਾਇਤਕਰਤਾ ਨੂੰ ਸੂਚਨਾ ਦੇ ਦਿੱਤੀ ਜਾਵੇਗੀ। ਜੇਕਰ ਉੱਤਰਦਾਤਾ (ਦਫਤਦਰ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ) ਵੱਲੋਂ ਦੱਸੇ ਗਏ ਮੁਤਾਬਿਕ ਉਨ੍ਹਾਂ ਦੇ ਪੱਤਰ ਨੰ:226/ਸਕ/ਈ.ਸੀ., ਮਿਤੀ 29-01-2018 ਰਾਹੀਂ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਸੀ ਤਾਂ ਉੱਤਰਦਾਤਾ ਵੱਲੋਂ ਪੇਸ਼ੀਆਂ ਤੇ ਕਰਮਚਾਰੀਆਂ ਨੂੰ ਕਿਉਂ ਭੇਜਿਆ ਜਾਂਦਾ ਰਿਹਾ ਅਤੇ ਹਾਜ਼ਰ ਕਰਮਚਾਰੀਆਂ ਵੱਲੋਂ ਹਰੇਕ ਵਾਰ ਸ਼ਿਕਾਇਤਕਰਤਾ ਨੂੰ ਜਲਦੀ ਸੂਚਨਾ ਮੁਹੱਈਆ ਕਰਨ ਦਾ ਭਰੋਸਾ ਦਿੰਦੇ ਹੋਏ ਸਮੇਂ ਦੀ ਮੰਗ ਕਿਉਂ ਕੀਤੀ ਜਾਂਦੀ ਰਹੀ।ਉੱਤਰਦਾਤਾ ਵੱਲੋਂ ਮੁਢਲੀ ਸਟੇਜ ਤੇ ਹੀ ਇਹ ਕੇਸ ਬੰਦ ਕਰਨ ਲਈ ਜਵਾਬ ਕਿਉਂ ਨਹੀਂ ਪੇਸ਼ ਕੀਤਾ ਗਿਆ। ਇਸ ਤਰ੍ਹਾਂ ਕਰਕੇ ਉੱਤਰਦਾਤਾ ਵੱਲੋਂ ਕਮਿਸ਼ਨ ਦਾ ਕੀਮਤੀ ਸਮਾਂ ਬਰਬਾਦ ਕੀਤਾ ਗਿਆ ਹੈ।

7. ਕਮਿਸ਼ਨ ਵੱਲੋਂ ਮਿਤੀ 20-02-2019 ਨੂੰ ਜਿਹੜਾ ਹੁਕਮ ਪਾਸ ਕੀਤਾ ਗਿਆ ਸੀ ਉਹ ਉੱਤਰਦਾਤਾ ਦੇ ਨੁਮਾਇੰਦੇ ਸ਼੍ਰੀ ਚੰਦ ਸਿੰਘ, ਸਦਰ ਕਾਨੂੰਗੋ ਦੀ ਹਾਜ਼ਰੀ ਵਿੱਚ ਪਾਸ ਕੀਤਾ ਗਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼੍ਰੀ ਅਵਤਾਰ ਸਿੰਘ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ ਵੱਲੋਂ ਇਹ ਕਿਹਾ ਜਾਣਾ ਕਿ ਹੁਕਮ ਉਨ੍ਹਾਂ ਨੂੰ ਸੁਣੇ ਬਗੈਰ ਪਾਸ ਕੀਤਾ ਗਿਆ ਹੈ, ਵਾਜਿਬ ਨਹੀਂ ਹੈ। ਇਸ ਸਬੰਧੀ ਸਪੱਸ਼ਟ ਕੀਤਾ ਜਾਂਦਾ ਹੈ ਕਮਿਸ਼ਨ ਵੱਲੋਂ ਮੁਢਲੇ ਤੌਰ ਤੇ ਹੀ ਸੁਣਵਾਈ ਲਈ ਜਾਰੀ ਕੀਤੇ ਜਾਂਦੇ ਨੋਟਿਸ ਵਿਚ ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਖੁਦ ਨਿੱਜੀ ਤੌਰ ਤੇ ਹਾਜਰ

ਚਲਦਾ---ਪੰਨਾ/3

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਹੋਵੇ ਅਤੇ ਜੇਕਰ ਕੋਈ ਮਜ਼ਬੂਰੀ ਹੋਵੇ ਤਾਂ ਆਪਣਾ ਕੋਈ ਅਧਿਕਾਰਤ ਸਹਾਇਕ ਲੋਕ ਸੂਚਨਾ ਅਧਿਕਾਰੀ, ਜਿਹੜਾ ਇਸ ਕੇਸ ਦੇ ਸਾਰੇ ਤੱਥਾਂ ਤੋਂ ਪੂਰੀ ਤਰ੍ਹਾਂ ਜਾਣੂ ਹੋਵੇ ਪੇਸ਼ੀ ਤੇ ਭੇਜਿਆ ਜਾਵੇ। ਲੋਕ ਸੂਚਨਾ ਅਧਿਕਾਰੀ ਦੇ ਅਧਿਕਾਰਤ ਸਹਾਇਕ ਲੋਕ ਸੂਚਨਾ ਅਧਿਕਾਰੀ ਵੱਲੋਂ ਸੁਣਵਾਈ ਸਮੇਂ ਹਾਜ਼ਰ ਹੋਣ ਦੀ ਸੂਰਤ ਵਿੱਚ, ਕਮਿਸ਼ਨ ਸਾਹਮਣੇ ਉਸ ਦੇ ਬਿਆਨਾਂ ਦੇ ਤੱਥ, ਲੋਕ ਸੂਚਨਾ ਅਧਿਕਾਰੀ ਦੇ ਬਿਆਨਾਂ ਦੇ ਤੱਥ ਮੰਨੇ ਜਾਣਗੇ ਅਤੇ ਇਸ ਦੀ ਸ਼ੁੱਧਤਾ ਅਤੇ ਪਾਲਣਾ ਲਈ ਲੋਕ ਸੂਚਨਾ ਅਧਿਕਾਰੀ ਜਿੰਮੇਵਾਰ ਹੋਵੇਗਾ। ਇਸ ਤਰ੍ਹਾਂ ਲੋਕ ਸੂਚਨਾ ਅਧਿਕਾਰੀ ਵੱਲੋਂ ਜਿਹੜਾ ਵੀ ਕਰਮਚਾਰੀ ਪੇਸ਼ੀ ਤੇ ਭੇਜਿਆ ਜਾਂਦਾ ਹੈ ਉਹ ਲੋਕ ਸੂਚਨਾ ਅਧਿਕਾਰੀ ਦੀ ਨੁਮਾਇੰਦਗੀ ਕਰਦਾ ਹੈ।

8. ਸ਼ਿਕਾਇਤਕਰਤਾ ਨੂੰ ਮੁਆਵਜ਼ੇ ਵਜੋਂ 5000/-ਰੁਪਏ ਦੀ ਅਦਾਇਗੀ ਦੀ ਉਚਿੱਤਤਾ ਦੇ ਸਬੰਧ ਵਿੱਚ ਸਪੱਸ਼ਟ ਕੀਤਾ ਜਾਂਦਾ ਹੈ ਕਿ ਸ਼ਿਕਾਇਤਕਰਤਾ 5 ਪੇਸ਼ੀਆਂ ਤੇ ਨਿੱਜੀ ਤੌਰ ਤੇ ਹਾਜ਼ਰ ਹੋਇਆ ਜਿਸ ਕਾਰਨ ਉਸ ਨੂੰ ਆਰਥਿਕ ਤੇ ਮਾਨਸਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਜੇਕਰ ਉਸ ਨੂੰ ਸੂਚਨਾ ਪਹਿਲਾਂ ਹੀ ਪ੍ਰਾਪਤ ਹੋ ਚੁੱਕੀ ਹੁੰਦੀ ਤਾਂ ਉਸ ਨੂੰ ਵਾਰ-ਵਾਰ ਪੇਸ਼ੀ ਤੇ ਹਾਜ਼ਰ ਹੋਣ ਦੀ ਲੋੜ ਨਹੀਂ ਸੀ।

9. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼੍ਰੀ ਅਵਤਾਰ ਸਿੰਘ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ ਵੱਲੋਂ ਪੇਸ਼ ਕੀਤਾ ਗਿਆ **ਜਵਾਬ ਰੱਦ ਕਰਦੇ ਹੋਏ** ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ ਦਰਖਾਸਤ ਤੇ ਚੱਲ ਰਹੀ ਪੜਤਾਲ ਤੇ ਹੁਣ ਤੱਕ ਕੀਤੀ ਗਈ ਕਾਰਵਾਈ ਬਾਰੇ ਮਿਤੀ-ਵਾਰ, ਵਿਸਥਾਰ-ਪੂਰਵਕ ਸੂਚਨਾ, ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 10 ਅਪ੍ਰੈਲ, 2019.**

**ਕਾਪੀ:-**

ਡਿਪਟੀ ਕਮਿਸ਼ਨਰ,
ਸ੍ਰੀ ਮੁਕਤਸਰ ਸਾਹਿਬ,

ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**